ਸ਼੍ਰੋਮਣੀ ਅਕਾਲੀ ਦਲ ਦੀ ਮੁੜ ਸੁਰਜੀਤੀ ਲਈ ਨਾਮਜ਼ਦ ਪੰਜ ਮੈਂਬਰੀ ਕਮੇਟੀ ਵੱਲੋਂ ਭਰਤੀ ਮੁਹਿਮ ਨੂੰ ਵੱਡਾ ਹੁੰਗਾਰਾ

ਸੰਗਰੂਰ • ਜਸਪਾਲ ਸਿੰਘ ਜਿੰਮੀ

ਸ਼੍ਰੀ ਅਕਾਲ ਤਖਤ ਸਾਹਿਬ ਤੋਂ ਸ਼੍ਰੋਮਣੀ ਅਕਾਲੀ ਦਲ ਦੀ ਮੁੜ ਸੁਰਜੀਤੀ ਲਈ ਨਾਮਜਦ ਪੰਜ ਮੈਂਬਰੀ ਕਮੇਟੀ ਦੀ ਸ਼ੁਰੂ ਕੀਤੀ ਭਰਤੀ ਮੁਹਿਮ ਨੂੰ ਉਦੋਂ ਬਹੁਤ ਵੱਡਾ ਹੁੰਗਾਰਾ ਮਿਲਿਆ ਜਦੋਂ ਸੰਗਤ ਦੇ ਰਿਕਾਰਡਤੋੜ ਵਿੱਚ ਪੁੱਜਕੇ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਸਾਬਕਾ ਪ੍ਰਧਾਨ ਭਾਈ ਗੋਬਿੰਦ ਸਿੰਘ ਲੌਂਗੋਵਾਲ ਨੇ ਭਰਤੀ ਕਮੇਟੀ ਨੂੰ ਹਰ ਤਰ੍ਹਾਂ ਦਾ ਸਹਿਯੋਗ ਦੇਣ ਦਾ ਬਕਾਇਦਾ ਐਲ਼ਾਨ ਕੀਤਾ। ਇਹ ਵਿਸ਼ਾਲ ਇੱਕਠ ਸੀਨੀਅਰ ਅਕਾਲੀ ਆਗੂ ਸ੍ਰ. ਬਲਦੇਵ ਸਿੰਘ ਮਾਨ ਅਤੇ ਸਾਬਕਾ ਵਿੱਤ ਮੰਤਰੀ ਸ੍ਰ. ਪਰਮਿੰਦਰ ਸਿੰਘ ਢੀਂਡਸਾ ਦੀ ਰਹਿਨੁਮਾਈ ਹੇਠ ਸੰਗਰੂਰ ਵਿਖੇ ਕੈਲਫੋਰਨੀਆ ਰਿਜੋਰਟਸ ਸੰਗਰੂਰ ਵਿਖੇ ਹੋਇਆ ਸੀ। ਪੰਜ ਮੈਂਬਰੀ ਕਮੇਟੀ ਦੇ ਮੈਂਬਰ ਤੇ ਅਕਾਲੀ ਆਗੂ ਪਹਿਲਾਂ ਲੌਂਗੋਵਾਲ ਵਿਖੇ ਭਾਈ ਗੋਬਿੰਦ ਸਿੰਘ ਲੌਂਗੋਵਾਲ ਦੇ ਘਰ ਪੁੱਜੇ ਸਨ।ਇਸ ਦੌਰਾਨ ਦੇਖਣ ਵਿੱਚ ਆਇਆ ਕਿ ਅਕਾਲੀ ਦਲ ਦਾ ਮੈਂਬਰ ਬਣਨ ਲਈ ਸਮਾਗਮ ਵਿੱਚ ਲਾਏ ਭਰਤੀ ਕਾਊਟਰ ਤੇ ਲੋਕਾਂ ਲੋਕਾਂ ਨੇ ਉਤਸ਼ਾਹ ਦਿਖਾਇਆ ਅਤੇ ਕਤਾਰਾਂ ਬਣ ਕੇ ਮੈਂਬਰਸ਼ਿਪ ਕਟਾਈ। ਲੋਕਾਂ ਦੇ ਵਿਸ਼ਾਲ ਇੱਕਠ ਨੂੰ ਸੰਬੋਧਨ ਕਰਦਿਆਂ ਪੰਜ ਮੈਂਬਰੀ ਕਮੇਟੀ ਦੇ ਸੀਨੀਅਰ ਮੈਂਬਰ ਮਨਪ੍ਰੀਤ ਸਿੰਘ ਇਆਲੀ ਨੇ ਕਿਹਾ ਕਿ ਇਸ ਇਲਾਕੇ 'ਚੋ ਭਰਤੀ ਮੁਹਿਮ ਲਈ ਉੱਠੀ ਲਹਿਰ ਪੂਰੇ ਸਿੱਖ ਜਗਤ ਨੂੰ ਕਲਾਵੇ ਵਿੱਚ ਲੈ ਲਏਗੀ। ਉਹਨਾਂ ਕਿਹਾ ਕਿ ਭਾਵੇ ਮੁਜਾਰਾ ਲਹਿਰ ਹੋਵੇ,ਭਾਵੇਂ ਆਮ ਆਦਮੀ ਪਾਰਟੀ ਦੀ ਲਹਿਰ ਹੋਵੇ ਤੇ ਭਾਵੇ ਕਿਸਾਨ ਅੰਦੋਲਨ ਦੀ ਸ਼ੁਰੂਆਤ ਹੋਵੇ ਇਹ ਸੰਗਰੂਰ ਇਲਾਕੇ ਵਿੱਚੋ ਉਠੀਆਂ ਲਹਿਰਾ ਹਨ. ਅੱਜ ਦਾ ਰਿਕਾਰਡਤੋੜ ਇੱਕਠ ਦੱਸਦਾ ਹੈ ਕਿ ਸ਼੍ਰੋਮਣੀ ਅਕਾਲੀ ਦਲ ਦੀ ਮੁੜ ਸੁਰਜੀਤੀ ਦੀ ਲਹਿਰ ਵੀ ਕਾਮਯਾਬੀ ਨਾਲ ਸਿਰੇ ਚੜ੍ਹੇਗੀ। ਇਸ ਮੌਕੇ ਬੋਲਦਿਆਂ ਜਥੇਦਾਰ ਇਕਬਾਲ ਸਿੰਘ ਝੂੰਦਾ ਨੇ ਕਿਹਾ ਕਿ ਸਿੱਖ ਪੰਥ ਲਈ ਵੇਲਾ ਹੈ ਕਿ ਅਜਿਹੇ ਲੋਕਾਂ ਨੂੰ ਅੱਗੇ ਲਿਆਦਾ ਜਾਏ ਜੋ ਅਕਾਲੀ ਵਿਚਾਰਧਾਰਾ ਪ੍ਰਤੀ ਪ੍ਰਤੀਬੱਧ ਹਨ।ਉਹਨਾਂ ਕਿਹਾ ਕਿ ਸ਼੍ਰੋਮਣੀ ਅਕਾਲੀ ਦਲ ਹੀ ਅਜਿਹੀ ਪਾਰਟੀ ਹੈ ਜੋ ਪੰਥ ਤੇ ਪੰਜਾਬ ਨੂੰ ਅੱਗੇ ਲਿਜਾਣ ਦੇ ਸਮਰੱਥ ਹੈ। ਉਹਨਾਂ ਭਰਤੀ ਕਮੇਟੀ ਤੋਂ ਭੱਜਣ ਵਾਲੇ ਸੱਜਣਾਂ ਨੂੰ ਕਿਹਾ ਕਿ ਪੰਥ ਲਈ ਜਿੰਮੇਵਾਰੀ ਨਿਭਾਉਣ ਦਾ ਸੁਭਾਗਾਂ ਸਮਾਂ ਮਿਲਿਆ ਸੀ ਜੋ ਉਹਨਾਂ ਗੁਆ ਲਿਆ। ਉਹਨਾਂ ਦਾਅਵਾ ਕੀਤਾ ਕਿ ਪੰਜ ਮੈਂਬਰੀ ਕਮੇਟੀ ਪੰਥ ਦੀ ਮਜਬੂਤੀ ਤੇ ਪੰਥ ਦੇ ਭਲੇ ਲਈ

ਨਿਰਸਵਾਰਥ ਸੇਵਾ ਕਰਨ ਲਈ ਵੱਚਣਬੱਧ ਹੈ।ਪੰਜ ਮੈਂਬਰੀ ਕਮੇਟੀ ਨੇ ਦਾਅਵਾ ਕੀਤਾ ਕਿ ਸੰਗਤ ਦੇ ਸਹਿਯੋਗ ਸਦਕਾ ਅਕਾਲ ਤਖਤ ਨੂੰ ਸਮਰਪਿਤ ਹੋ ਕੇ ਪੰਤ ਦਾ ਇਤਿਹਾਸਕ ਕਾਰਜ ਸਫਲਤਾਪੂਰਵਕ ਸਿਰੇ ਚੜਾਇਆ ਜਾਏਗਾ। ਇਸ ਮੌਕੇ ਬੋਲਣ ਵਾਲੇ ਬੁਲਾਰਿਆ ਵਿੱਚ ਸ੍ਰ. ਪ੍ਰੇਮ ਸਿੰਘ ਚੰਦੂਮਾਜਾਰਾ ਤੇ ਗੁਰਪ੍ਰਤਾਪ ਸਿੰਘ ਵਡਾਲਾ ਨੇ ਕਿਹਾ ਕਿ ਸਿੱਖ ਪੰਥ ਅਜਿਹੇ ਦੌਰ ਵਿੱਚੋ ਲੰਗ ਰਿਹਾ ਹੈ ਜਿਸ ਉੱਪਰ ਆਪਣੇ ਵੀ ਹਮਲੇ ਕਰ ਰਹੇ ਹਨ ਅਤੇ ਸਰਕਾਰਾਂ ਵੀ ਕਰ ਰਹੀਆਂ ਹਨ। ਸੰਗਤ ਨੂੰ ਅਜਿਹੇ ਸਾਜਿਸ਼ ਢੰਗ ਨਾਲ ਕੀਤੇ ਜਾ ਰਹੇ ਹਮਲਿਆਂ ਦੀ ਤਹਿ ਤਕ ਜਾਣਾ ਹੋਵੇਗਾ। ਸ. ਪਰਮਿੰਦਰ ਸਿੰਘ ਢੀਂਡਸਾ ਨੇ ਕਿਹਾ ਕਿ ਸ਼੍ਰੋਮਣੀ ਅਕਾਲੀ ਦਲ ਕੋਲ ਵੱਡਾ ਫਲਸਫਾ ਹੈ ਜੋ ਸਿੱਖ ਸਿਧਾਂਤਾਂ ਤੇ ਪੰਥਕ ਏਜੰਡਿਆਂ ਉੱਪਰ ਟਿਕਆ ਹੋ ?ਆ ਹੈ। ਪਰ ਕੁਝ ਲੋਕ ਵੱਡੇ ਅਹੁਦਿਆਂ ਉੱਪਰ ਰਹਿ ਕੇ ਸਿਧਾਂਤਾ ਤੇ ਅਕਾਲੀ ਰਵਾਇਤਾਂ ਨਾਲ ਟਕਰਾ ਰਹੇ ਹਨ ਅਕਾਲ ਤਖਤ ਸਾਹਿਬ ਤੋਂ ਬੇਮੁੱਖ ਹੋ ਗਏ ਹਨ। ਉਹਨਾਂ ਕਿਹਾ ਕਿ ਅਕਾਲੀ ਸੋਚ ਨੂੰ ਪ੍ਰਚੰਡ ਕਰਨ ਦੀ ਲੋੜ ਹੈ। ਉਹਨਾਂ ਅੱਜ ਦੇ ਵਿਸ਼ਾਲ ਇੱਕਠ ਲਈ ਸਾਰੀ ਲੀਡਰਸ਼ਿਪ ਤੇ ਵਰਕਰਾਂ ਦਾ ਧੰਨਵਾਦ ਕੀਤਾ। ਕਈ ਦਹਾਕਿਆ ਬਾਅਦ ਸ਼੍ਰੋਮਣੀ ਅਕਾਲੀ ਦਲ ਦੇ ਵੱਖ ਵੱਖ ਧੜਿਆਂ ਨਾਲ ਜੁੜੇ ਰਹੇ ਸਾਰੇ ਆਗੂ ਇੱਕ ਮੰਚ 'ਤੇ ਨਜਰ ਆਏ ਹਨ। ਇਸ ਮੌਕੇ ਸ੍ਰ. ਬਲਦੇਵ ਸਿੰਘ ਮਾਨ, ਗਗਨਜੀਤ ਸਿੰਘ ਬਰਨਾਲਾ, ਬਾਬੂ ਪ੍ਰਕਾਸ਼ ਚੰਦ ਗਰਗ,ਜਥੇ. ਤੇਜਾ ਸਿੰਘ ਕਮਾਲਪੁਰ, ਹਰਦੇਵ ਸਿੰਘ ਰੋਗਲਾ, ਮਲਕੀਤ ਸਿੰਘ ਚੰਗਾਲ, ਕਰਨ ਕਨੇਡਾ, ਰਾਮਪਾਲ ਸਿੰਘ ਬਹਿਣੀਵਾਲ, ਸੁਖਵੰਤ ਸਿੰਘ ਸਰਾਉ ਮੌਜੂਦ ਸਨ।

ਨਸ਼ਾ ਤਸਕਰਾਂ ਵਿਰੁੱਧ ਕੀਤੀ ਜਾਵੇਗੀ ਸਖਤ ਕਾਰਵਾਈ : ਥਾਣਾ ਮੁਖੀ

ਬਠੂੜ • ਗੁਰਮੀਤ

ਥਾਣਾ ਬਠੂੜ ਦੀ ਪੁਲਿਸ ਨੇ 12 ਕਿਲੋ ਗਾਂਜੇ ਸਮੇਤ ਇੱਕ ਵਿਅਕਤੀ ਨੂੰ ਕਾਬੂ ਕਰਨ ਵਿੱਚ ਸਫਲਤਾ ਹਾਸਲ ਕੀਤੀ ਹੈ ।ਇਸ ਮਾਮਲੇ ਬਾਰੇ ਜਾਣਕਾਰੀ ਦਿੰਦੇ ਹੋਏ ਥਾਣਾ ਮੁਖੀ ਇੰਸਪੈਕਟਰ ਗੁਰਸੇਵਕ ਸਿੰਘ ਨੇ ਦੱਸਿਆ ਕਿ ਸਭ ਇੰਸਪੈਕਟਰ ਬਹਾਦਰ ਰਾਮ ਸਮੇਤ ਪੁਲਿਸ ਪਾਰਟੀ ਬਠੂੜ ਤੋਂ ਰਾਜਪੁਰਾ ਨੂੰ ਜਾਂਦੇ ਕੌਮੀ ਮਾਰਗ ਤੇ ਨਸ਼ਾ ਤਸਕਰਾਂ ਅਤੇ ਭੈੜੇ ਅਨਸਰਾਂ ਦੀ ਭਾਲ ਵਿੱਚ ਗਸ਼ਤ ਕਰ ਰਹੇ ਸਨ। ਗਸਤ ਦੌਰਾਨ ਜਦੋਂ ਉਹ ਕੌਮੀ ਮਾਰਗ ਤੇ ਸਥਿਤ ਨੀਲਮ ਹਸਪਤਾਲ ਦੇ ਨਜਦੀਕ ਖੜ ਕੇ ਵਾਹਨਾਂ ਦੀ ਚੈਕਿੰਗ ਕਰ ਰਹੇ ਸਨ ਤਾਂ ਰਾਜਪੁਰਾ ਵੱਲੋਂ ਆਉਂਦੀ ਇੱਕ ਸਕੂਟਰੀ ਨੂੰ ਰੋਕ ਕੇ ਜਦੋਂ ਉਹਨਾਂ ਨੇ ਥੈਲੇ ਦੀ ਤਲਾਸੀ ਲਈ ਤਾਂ ਉਸ ਥੈਲੇ ਵਿੱਚੋਂ 12 ਕਿਲੋ ਗਾਂਜਾ ਬਰਾਮਦ ਹੋਇਆ ।ਉਹਨਾਂ ਦੱਸਿਆ ਕਿ

ਐਕਟੀਵਾ ਸਵਾਰ ਨੂੰ ਮੌਕੇ ਤੇ ਹੀ ਗ੍ਰਿਫਤਾਰ ਕਰਕੇ ਉਸਦੇ ਖਿਲਾਫ ਮਾਮਲਾ ਦਰਜ ਕਰਕੇ ਅਗਲੀ ਕਾਰਵਾਈ ਸ਼ੁਰੂ ਕਰ ਦਿੱਤੀ ਗਈ ਹੈ। ਕਾਬੂ ਕੀਤੇ ਗਏ ਵਿਅਕਤੀ ਦੀ ਪਹਿਚਾਣ ਰੋਹਿਤ ਕੁਮਾਰ ਪੁੱਤਰ ਸੰਜੇ ਕੁਮਾਰ ਵਾਸੀ ਜਨਤਾ ਸਕੂਲ ਨੇੜੇ ਕ੍ਰਿਸ਼ਨਾ ਗੇਟ ਥਾਨੇਸਰ ਕੁਰਕਸ਼ੇਤਰ ਹਰਿਆਣਾ ਵਜੋਂ ਹੋਈ। ਇੰਸਪੈਕਟਰ ਗੁਰਸੇਵਕ ਸਿੰਘ ਨੇ ਦੱਸਿਆ ਕਿ ਇਲਾਕੇ ਵਿੱਚ ਨਸ਼ਾ ਤਸਕਰਾ ਅਤੇ ਭੈੜੇ ਅੰਸਰਾਂ ਨੂੰ ਬਖਸ਼ਿਆ ਨਹੀਂ ਜਾਵੇਗਾ ਅਤੇ ਉਨਾਂ ਦੇ ਖਿਲਾਫ ਸਖਤ ਕਾਰਵਾਈ ਅਮਲ ਵਿੱਚ ਲਿਆਂਦੀ ਜਾ ਰਹੀ ਹੈ।

ਬੀ.ਆਰ.ਐਸ. ਨਗਰ ਜੇ-ਬਲਾਕ ਵਿਖੇ ਕੌਂਸਲਰ ਸੰਨੀ ਮਾਸਟਰ ਦਾ ਸਨਮਾਨ

ਲੁਧਿਆਣਾ • ਜੇ.ਐਸ. ਅਰੋੜਾ

ਬੀ.ਆਰ.ਐਸ. ਨਗਰ ਦੇ ਇਲਾਕੇ ਜੇ-ਬਲਾਕ ਵਿਖੇ ਕੌਂਸਲਰ ਸਤਨਾਮ ਸਿੰਘ ਸੰਨੀ ਮਾਸਟਰ ਨੂੰ ਸਨਮਾਨਿਤ ਕੀਤਾ ਗਿਆ। ਪਿਛਲੇ ਦਿਨੀ ਹੋਈਆਂ ਨਗਰ ਨਿਗਮ ਚੌਣਾ ਵਿੱਚ ਵਾਰਡ ਨੰ: 58 ਤੋਂ ਸੰਨੀ ਮਾਸਟਰ ਨੇ ਸ਼ਾਨਦਾਰ ਜਿੱਤ ਹਾਸਲ ਕੀਤੀ। ਜੇ-ਬਲਾਕ ਵਿਖੇ ਪਹੁੰਚਣ ਤੇ ਇਲਾਕਾ ਨਿਵਾਸੀਆਂ ਵਲੋਂ ਉਹਨਾਂ ਦਾ ਸਵਾਗਤ ਕਰਨ ਦੇ ਨਾਲ ਨਾਲ ਉਹਨਾਂ ਦਾ ਸਨਮਾਨ ਵੀ ਕੀਤਾ ਗਿਆ ਅਤੇ ਇਲਾਕਾ ਨਿਵਾਸੀਆਂ ਨੇ ਕੌਂਸਲਰ ਸੰਨੀ ਮਾਸਟਰ ਦਾ ਪਾਰਕ ਵਿੱਚ ਸਟਰੀਟ ਲਾਈਟਾਂ ਲਗਵਾਉਣ ਅਤੇ ਹੋਰ ਬੇਹਤਰ ਮੁੱਢਲੀਆਂ ਸਹੂਲਤਾਂ ਮੁਹਈਆ ਕਰਵਾਉਣ ਲਈ ਉਹਨਾਂ ਦਾ ਧੰਨਵਾਦ ਵੀ ਕੀਤਾ। ਗਲਬਾਤ ਦੌਰਾਨ ਕੌਂਸਲਰ ਸੰਨੀ ਮਾਸਟਰ ਨੇ ਕਿਹਾ ਕਿ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਸਰਕਾਰ ਵਲੋਂ ਲੋਕਾਂ ਦੇ ਹਿਤਾਂ ਦਾ ਧਿਆਨ ਰੱਖਿਆ ਜਾ ਰਿਹਾ ਹੈ। ਜਿਸ ਤੋਂ ਸੂਬੇ ਦੇ ਲੋਕ ਪੂਰੀ ਤਰ੍ਹਾਂ ਖੁਸ਼ ਅਤੇ ਸੰਤਸ਼ੁਟ ਹਨ।

ਚਿੱਟੇ ਨੇ ਇਕ ਹੋਰ ਨੌਜਵਾਨ ਦੀ ਜਾਨ ਲੈ ਲਈ

ਬਠਿੰਡਾ • ਜਸਵੰਤ ਕੌਸ਼ਿਕ

ਸ਼ਹਿਰ ਦੇ ਪਰਸਰਾਮ ਨਗਰ ਵਿਚ ਇਕ ਨੌਜਵਾਨ ਦੀ ਚਿੱਟੇ ਦਾ ਟੀਕਾ ਲਗਾਉਣ ਨਾਲ ਮੌਤ ਹੋ ਗਈ। ਮ੍ਰਿਤਕ ਦੀ ਸ਼ਨਾਖਤ ਅਰੁਣ ਬਿੰਦੀ (45) ਵਾਸੀ ਪਰਸਰਾਮ ਨਗਰ ਵਜੋਂ ਹੋਈ ਹੈ। ਪ੍ਰਾਪਤ ਜਾਣਕਾਰੀ ਅਨੁਸਾਰ ਸਹਾਰਾ ਜਨ ਸੇਵਾ ਦੇ ਦਫ਼ਤਰ ਵਿਚ ਕਿਸੇ ਵਿਅਕਤੀ ਨੇ ਸੂਚਨਾ ਦਿੱਤੀ ਸੀ ਕਿ ਸਥਾਨਕ ਪਾਰਸ ਰਾਮ ਨਗਰ ਗਲੀ ਨੰਬਰ 1 ਦੇ ਮੁੱਖ ਚੌਕ ਵਿੱਚ ਇਕ ਨੌਜਵਾਨ ਸੜਕ 'ਤੇ ਖੂਨ ਨਾਲ ਲੱਥਪੱਥ ਡਿੱਗਿਆ ਪਿਆ ਹੈ, ਉੱਥੇ ਹੀ ਨੌਜਵਾਨ ਦੇ ਨੇੜੇ ਇੱਕ ਸਰਿੰਜ ਪਈ ਹੈ। ਸਹਾਰਾ ਜਨ ਸੇਵਾ ਦੀ ਲਾਈਫ ਸੇਵਿੰਗ ਬ੍ਰਿਗੇਡ ਹੈਲਪਲਾਈਨ ਟੀਮ ਵਿੱਕੀ ਕੁਮਾਰ, ਗੌਤਮ ਗੋਇਲ ਮੌਕੇ 'ਤੇ ਪਹੁੰਚੇ ਅਤੇ ਗੰਭੀਰ ਹਾਲਤ ਵਿਚ ਪ? ਨੌਜਵਾਨ ਨੂੰ ਇਲਾਜ ਲਈ ਸ਼ਹੀਦ ਭਾਈ ਮਨੀ ਸਿੰਘ ਸਿਵਲ ਹਸਪਤਾਲ ਦੇ ਐਮਰਜੈਂਸੀ ਵਾਰਡ ਵਿੱਚ ਦਾਖਲ ਕਰਵਾਇਆ, ਜਿੱਥੇ ਡਾਕਟਰਾਂ ਦੀ ਟੀਮ ਨੇ ਤੁਰੰਤ ਉਸਦਾ ਇਲਾਜ ਸ਼ੁਰੂ ਕਰ ਦਿੱਤਾ। ਦਰਦ ਨਾਲ ਕਰਾਹ ਰਹੇ ਨੌਜਵਾਨ ਨੇ ਦੱਸਿਆ ਕਿ ਉਸਦੇ ਗੁਪਤ ਅੱਗ ਦੇ ਨੇੜੇ ਇੱਕ ਵੱਡਾ ਜ਼ਖ਼ਮ ਹੈ ਅਤੇ ਉਸਨੇ ਉਸ ਵਿੱਚ ਚਿੱਟੇ ਦਾ ਟੀਕਾ ਲਗਾਇਆ। ਇਲਾਜ ਦੌਰਾਨ ਕੁਝ ਸਮੇਂ ਬਾਅਦ ਨੌਜਵਾਨ ਦੀ ਮੌਤ ਹੋ ਗਈ।

ਪੰਜਾਬ ਦੀ ਆਮ ਆਦਮੀ ਪਾਰਟੀ ਸਰਕਾਰ ਵਲੋਂ ਪੇਸ਼ ਕੀਤਾ ਬਜਟ ਖੋਖਲਾ-ਐਡਵੋਕੇਟ ਰਾਹੁਲ ਪੁਹਾਲ

ਲੁਧਿਆਣਾ • ਜੇ.ਐਸ. ਅਰੋੜਾ

ਪੰਜਾਬ ਯੂਥ ਕਾਂਗਰਸ ਦੇ ਜਨਰਲ ਸਕੱਤਰ ਰਾਹੁਲ ਪੁਹਾਲ ਨੇ ਪੰਜਾਬ ਸਰਕਾਰ ਵਲੋਂ 2025-26 ਦੇ ਪੇਸ਼ ਕੀਤੇ ਬਜਟ ਨੂੰ ਪੂਰੀ ਤਰ੍ਹਾਂ ਖੋਖਲਾ ਦੱਸਿਆ ਅਤੇ ਕਿਹਾ ਕਿ ਬਜਟ ਦਾ ਪਿਟਾਰਾ ਮਹਿਲਾਵਾਂ, ਕਿਸਾਨਾਂ, ਨੌਜਵਾਨਾਂ ਅਤੇ ਦਲਿਤਾਂ ਲਈ ਪੂਰੀ ਤਰ੍ਹਾ ਖਾਲੀ ਹੈ ਅਤੇ ਇਸ ਬਜਟ ਵਿੱਚ ਦਲਿਤਾਂ, ਕਿਸਾਨਾਂ, ਮਹਿਲਾਵਾਂ ਅਤੇ ਨੌਜਵਾਨਾਂ ਲਈ ਕੁਝ ਵੀ ਨਹੀਂ ਰੱਖਿਆ ਗਿਆ। ਉਹਨਾਂ ਕਿਹਾ ਕਿ ਕਰਜ ਵਿੱਚ ਡੁੱਬੀ ਪੰਜਾਬ ਸਰਕਾਰ ਨੇ 2,36 ਕਰੋੜ ਦਾ ਬਜਟ ਪੇਸ਼ ਕੀਤਾ ਹੈ ਅਤੇ ਪੰਜਾਬ

ਦੀਆਂ ਮਹਿਲਾਵਾਂ ਅਜੇ ਵੀ 1000 ਰੁਪਏ ਨੂੰ ਉਡੀਕ ਰਹੀਆਂ ਹਨ। ਉਹਨਾਂ ਕਿਹਾ ਕਿ ਇਸ ਬਜਟ ਤੋਂ ਮੁੱਖ ਤੌਰ ਤੇ 18-35 ਸਾਲ ਦੇ ਨੌਜਵਾਨਾਂ ਨੂੰ ਵਾਂਝਾ ਰੱਖਿਆ ਗਿਆ ਹੈ। ਇਹ ਬਜਟ ਕਥਿਤ ਤੌਰ ਤੇ ਵਧਾ ਚੜ੍ਹਾ ਕੇ ਪੇਸ਼ ਕੀਤਾ ਗਿਆ ਹੈ ਅਤੇ ਇਹ ਇਕ ਦਸਤਾਵੇਜ ਤੋਂ ਵੱਧ ਕੁਝ ਵੀ ਨਹੀਂ ਅਤੇ ਇਹ ਬਜਟ ਬਦਲਦਾ ਪੰਜਾਬ ਨਹੀਂ, ਡੁੱਬਦਾ ਪੰਜਾਬ ਬਜਟ ਹੈ।

ਦਵਿੰਦਰ ਸਿੰਘ ਕੋਹਲੀ ਨੂੰ ਸਦਮਾ, ਸਹੁਰਾ ਸਾਹਿਬ ਦਾ ਦੇਹਾਂਤ

ਬੁਢਲਾਡਾ • ਆਵਾਜ਼ ਬਿਊਰੋ

ਬੁਢਲਾਡਾ ਤੋਂ ਸੀਨੀਅਰ ਪੱਤਰਕਾਰ ਦਵਿੰਦਰ ਸਿੰਘ ਕੋਹਲੀ ਨੂੰ ਉਸ ਸਮੇਂ ਗਹਿਰਾ ਸਦਮਾ ਪਹੁੰਚਿਆ, ਜਦੋਂ ਉਨ੍ਹਾਂ ਦੇ ਸਹੁਰਾ ਸਾਹਿਬ ਸੁੰਦਰ ਸਿੰਘ ਜੀ (ਸੁੰਦਰ ਬੁੱਕ ਡਿੱਪੂ ਮਾਈ ਹੀਰਾ ਗੇਟ, ਜਲੰਧਰ ਵਾਲੇ) ਸਾਰੇ ਪਰਿਵਾਰ ਨੂੰ ਇਕੱਲਿਆਂ ਛੱਡ ਕੇ ਸਦੀਵੀਂ ਵਿਛੋੜਾ ਦੇ ਗਏ। ਉਨ੍ਹਾਂ ਦਾ ਅਚਾਨਕ ਇਸ ਦੁਨੀਆਂ ਨੂੰ ਅਲਵਿਦਾ ਕਹਿ ਜਾਣਾ ਕਦੇ ਨਾ ਪੂਰਾ ਹੋਣ ਯੋਗ ਘਾਟਾ ਹੈ। ਉਨ੍ਹਾਂ ਦੇ ਦੇਹਾਂਤ ਤੇ ਗਹਿਰੇ ਦੁੱਖ ਦਾ ਪ੍ਰਗਟਾਵਾ ਕਰਦਿਆਂ

ਵੱਖ ਵੱਖ ਧਾਰਮਿਕ, ਸਮਾਜਿਕ ਅਤੇ ਸਭਾ ਸੁਸਾਇਟੀਆਂ ਨੇ ਅਕਾਲ ਪੁਰਖ ਵਾਹਿਗੁਰੂ ਅੱਗੇ ਅਰਦਾਸ ਕੀਤੀ ਕਿ ਇਸ ਵਿਛੜੀ ਰੂਹ ਨੂੰ ਆਪਣੇ ਚਰਨਾਂ ਵਿੱਚ ਨਿਵਾਸ ਬਖਸ਼ੇ ਅਤੇ ਪਿੱਛੋਂ ਸਾਰੇ ਪਰਿਵਾਰ ਨੂੰ ਭਾਣਾ ਮੰਨਣ ਦਾ ਬਲ ਬਖਸ਼ੇ। ਸੁੰਦਰ ਸਿੰਘ ਜੀ ਦੀ ਅੰਤਿਮ ਅਰਦਾਸ ਅਤੇ ਸ਼ਰਧਾਂਜਲੀ ਸਮਾਗਮ ਨੇੜੇ ਟੈਗੋਰ ਹਸਪਤਾਲ ਗੁਰਦੁਆਰਾ ਬਾਬਾ ਬੰਦਾ ਸਿੰਘ ਬਹਾਦਰ ਜਲੰਧਰ ਵਿਖੇ 30 ਮਾਰਚ ਦਿਨ ਐਤਵਾਰ ਦੁਪਹਿਰ 12:30 ਵਜੇ ਤੋਂ 1:30 ਵਜੇ ਤੱਕ ਹੋਵੇਗੀ।

ਜਲੰਧਰ ਦਾ ਗੁਰਿੰਦਰਵੀਰ ਸਿੰਘ ਚਮਕਿਆ; 100 ਮੀਟਰ ਫਰਾਟਾ ਦੌੜ 'ਚ 10.20 ਸਕਿੰਟ ਦੇ ਸਮੇਂ ਨਾਲ ਬਣਾਇਆ ਨਵਾਂ ਰਿਕਾਰਡ

ਜਲੰਧਰ • ਦਲਵੀਰ ਕਲੋਈਆ

ਬੰਗਲੌਰ ਵਿਖੇ ਪਹਿਲੀ ਇੰਡੀਅਨ ਗ੍ਰਾਂ.ਪ੍ਰੀ. ਵਿੱਚ ਜਲੰਧਰ ਦੇ ਗੁਰਿੰਦਰਵੀਰ ਸਿੰਘ ਨੇ 100 ਮੀਟਰ ਫਰਾਟਾ ਦੌੜ ਵਿੱਚ 10.20 ਸਕਿੰਟ ਦੇ ਸਮੇਂ ਨਾਲ ਨਵਾਂ ਕੌਮੀ ਰਿਕਾਰਡ ਬਣਾਉਂਦਿਆਂ ਗੋਲਡ ਮੈਡਲ ਜਿੱਤਿਆ। ਇਸ ਜਿੱਤ ਦੇ ਨਾਲ ਹੀ ਉਸ ਨੇ ਏਸ਼ੀਅਨ ਚੈਂਪੀਅਨਸ਼ਿਪ ਲਈ ਵੀ ਕੁਆਲੀਫਾਈ ਕਰ ਲਿਆ। ਪਹਿਲੀ ਵਾਰ ਕੋਈ ਭਾਰਤੀ ਅਥਲੀਟ 10.20 ਸਕਿੰਟ ਵਿੱਚ ਦੌੜਿਆ। ਪੰਜਾਬ ਇੰਸਟੀਚਿਊਟ ਆਫ਼ ਸਪੋਰਟਸ ਜਲੰਧਰ ਵਿੱਚ ਕੋਚ ਸਰਬਜੀਤ ਸਿੰਘ ਦੇ ਟ੍ਰੇਨਰ ਗੁਰਿੰਦਰਵੀਰ ਸਿੰਘ ਨੇ ਫ਼ਾਈਨਲ ਦੌੜ ਵਿੱਚ ਦੋਵੇਂ ਪੁਰਾਣੇ ਨੈਸ਼ਨਲ ਰਿਕਾਰਡ ਹੋਲਡਰ ਮਨੀਕਾਂਤਾ ਤੇ ਇਮਲਾਨ ਬੋਰਗੋਨ

ਨੂੰ ਪਛਾੜਿਆ। ਇਸ ਦੇ ਨਾਲ ਉਹ ਭਾਰਤ ਦੇ ਇਤਿਹਾਸ ਦਾ ਸਭ ਤੋਂ ਤੇਜ਼ ਦੌੜਾਕ ਅਤੇ ਦੁਨੀਆਂ ਦਾ ਸਭ ਤੋਂ ਤੇਜ਼ ਸਿੱਖ ਦੌੜਾਕ ਬਣਿਆ। ਡਿਪਟੀ ਕਮਿਸ਼ਨਰ ਜਲੰਧਰ ਡਾ. ਹਿਮਾਂਸ਼ੂ ਅਗਰਵਾਲ ਨੇ ਪੰਜਾਬ ਸਰਕਾਰ ਵਲੋਂ ਗੁਰਿਦਰਵੀਰ ਸਿੰਘ ਅਤੇ ਉਸਦੇ ਪਰਿਵਾਰ ਸਮੇਤ ਖੇਡ ਪ੍ਰੇਮੀਆਂ ਨੂੰ ਵਧਾਈ ਦਿੰਦਿਆਂ ਕਿਹਾ ਕਿ ਦੇਸ਼ ਦਾ ਨਾਂਅ ਰੌਸ਼ਨ ਕਰਨ ਵਾਲੇ ਜਲੰਧਰ ਦੇ ਵਸਨੀਕ ਇਸ ਖਿਡਾਰੀ ਦੇ ਜਲੰਧਰ ਵਿਖੇ ਪੁੱਜਣ 'ਤੇ ਭਰਵਾਂ ਸਵਾਗਤ ਅਤੇ ਸਨਮਾਨ ਕੀਤਾ ਜਾਵੇਗਾ। ਉਨ੍ਹਾਂ ਆਸ ਪ੍ਰਗਟਾਈ ਏਸ਼ੀਅਨ ਚੈਂਪੀਅਨਸ਼ਿਪ ਵਿੱਚ ਵੀ ਗੁਰਿੰਦਰਵੀਰ ਸਿੰਘ ਵਲੋਂ ਨਵਾਂ ਰਿਕਾਰਡ ਕਾਇਮ ਕੀਤਾ ਜਾਵੇਗਾ।

ਕਾਰਜ ਸਾਧਕ ਅਫਸਰ ਤਰੁਣ ਕੁਮ